# ਪ੍ਰੈਸ ਨੋਟ

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ CASO ਪ੍ਰੋਗਰਾਮ ਤਹਿਤ ਚਲਾਇਆ ਸਰਚ ਅਭਿਆਨ

ਨਸ਼ਾ ਤਸਕਰਾਂ ਅਤੇ ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ :ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ

ਸ੍ਰੀ ਮੁਕਤਸਰ ਸਾਹਿਬ( ) ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਵੱਲੋਂ ਲੋਕ ਸਭਾ ਚੋਣਾਂ2024 ਦੇ ਮੱਦੇਨਜ਼ਰ ਪੰਜਾਬ ਅੰਦਰ ਸ਼ਰਾਰਤੀ ਅਨਸਰਾਂ ਅਤੇ ਨਸ਼ਿਆਂ ਖਿਲਾਫ ਮੁਹਿੰਮ ਵਿੱਢੀ ਗਈ, ਜਿਸ ਤੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਦੀ ਅਗਵਾਈ ਵਿੱਚ ਸ੍ਰੀ ਮੁਕਤਸਰ ਸਾਹਿਬ ਵਿਖੇ “CASO OPERATION” ਤਹਿਤ ਸਰਚ ਅਪ੍ਰੇਸ਼ਨ ਚਲਾਇਆ ਗਿਆ । ਇਸ ਮੌਕੇ ਸ. ਸਤਨਾਮ ਸਿੰਘ ਡੀ.ਐਸ.ਪੀ(ਸ੍ਰੀ ਮੁਕਤਸਰ ਸਾਹਿਬ ), ਸ.ਅਮਨਦੀਪ ਸਿੰਘ ਡੀ.ਐਸ.ਪੀ(ਐੱਚ), ਸ. ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਸ. ਜਸਪਾਲ ਸਿੰਘ ਡੀ.ਐਸ.ਪੀ(ਡੀ), ਸਮੂਹ ਮੁੱਖ ਅਫਸਰਾਨ ਥਾਣਾ ਅਤੇ 250 ਦੇ ਕ੍ਰੀਬ ਪੁਲਿਸ ਅਧਿਕਾਰੀਆ/ਕ੍ਰਮਚਾਰੀਆਂ ਵੱਲੋਂ ਵੱਖ ਵੱਖ ਟੀਮਾਂ ਬਣਾ ਕੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਡਵੀਜਨ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ ਦੇ ਪਿੰਡਾਂ ਅਤੇ ਕਸਬਿਆ ਅੰਦਰ ਸਰਚ ਅਪ੍ਰੇਸ਼ਨ ਚਲਾਇਆ ਗਿਆ।

ਇਸ ਮੌਕੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦਿਆਂ ਪੁਲਿਸ ਦੀਆਂ ਵੱਖ ਵੱਖ ਟੀਮਾਂ ਬਣਾ ਕੇ ਜਿਲਾ ਅੰਦਰ ਵੱਖ-ਵੱਖ ਥਾਵਾਂ ਤੇ ਜਿਨਾਂ ਵਿਅਕਤੀਆਂ ਤੇ ਪਹਿਲਾਂ ਐਨ.ਡੀ.ਪੀ.ਐਸ ਤੇ ਮੁਕਦਮੇ ਦਰਜ ਹਨ ਅਤੇ ਜਿਨਾਂ ਦੇ ਕ੍ਰਿਮੀਨਲ ਰਿਕਾਰਡ ਹਨ CASO ਅਪ੍ਰੈਸ਼ਨ ਤਹਿਤ ਜਿਲ੍ਹਾ ਅੰਦਰ ਨਸ਼ੇ ਵੇਚਣ ਵਾਲੇ ਸ਼ੱਕੀ ਥਾਵਾਂ ਤੇ ਅਤੇ ਜਿਨਾਂ ਤੇ ਪਹਿਲਾਂ ਐਨ.ਡੀ.ਪੀ.ਐਕਟ ਦੇ ਮਾਮਲੇ ਦਰਜ਼ ਹਨ ਉਨ੍ਹਾਂ ਘਰਾਂ/ਥਾਵਾਂ ਤੇ ਪੁਲਿਸ ਵੱਲੋਂ ਰੇਡ ਕਰ ਸਰਚ ਕੀਤਾ ਗਿਆ, ਇਸ ਸਰਚ ਅਪ੍ਰੈਸ਼ਨ ਦੌਰਾਨ ਏਰੀਏ ਨੂੰ ਨਾਕਾ ਬੰਦੀ ਕਰ ਬਾਹਰ ਅਤੇ ਅੰਦਰ ਆਉਣ ਵਾਲੇ ਰਸਤਿਆ ਨੂੰ ਸੀਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਤਰਾਂ ਦੇ ਪ੍ਰੋਗਰਾਮ ਅੱਗੇ ਵੀ ਚਲਦੇ ਰਹਿਣਗੇ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆ ਨੂੰ ਕਿਸੇ ਨੂੰ ਵੀ ਬਖਸ਼ਿਆ ਨਹੀ ਜਾਵੇਗਾ ।

ਐਸ.ਐਸ.ਪੀ ਜੀ ਨੇ ਦੱਸਿਆ ਕਿ ਇਸ CASO ਪ੍ਰੋਗਰਾਮ ਤਹਿਤ ਪੁਲਿਸ ਵੱਲੋਂ ਕਾਰਵਾਈ ਕਰਦੇ ਹੋਏ ਵੱਖ ਵੱਖ ਥਾਇਆਂ ਵਿੱਚ 7 ਮੁਕਦਮੇ ਦਰਜ ਕਰ 1080 ਨਸ਼ੀਲੀਆਂ ਗੋਲੀਆਂ, 51 ਬੋਤਲਾਂ ਨਜਾਇਜ਼ ਸ਼ਰਾਬ, 07 ਦੋਸ਼ੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।

ਐਸ.ਐਸ.ਪੀ ਜੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਹਡੇ ਨਜ਼ਦੀਕ ਕੋਈ ਨਸ਼ੇ ਵੇਚਣ ਦਾ ਕੰਮ ਕਰਦਾ ਹੈ ਤਾਂ ਇਸ ਦੀ ਜਾਣਕਾਰੀ ਸਾਨੂੰ ਸਾਡੇ ਹੈਲਪ ਲਾਇਨ ਨੰਬਰ 80549-42100 ਤੇ ਦਿਊ ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।